OFFICE OF THE
ADDL. DIRECTOR GENL. OF POLICE,
PUNJAB, CHANDIGARH.

PUNJAB POLICE
TRAFFIC AND ROAD
SAFETY WING

ਦਫਤਰ
ਵਧੀਕ ਡਾਇਰੈਕਟਰ ਜਨਰਲ
ਪੁਲਿਸ, ਪੰਜਾਬ, ਚੰਡੀਗੜ੍ਹ।

ਵੱਲ

1. ਸਮੂਹ ਕਮਿਸ਼ਨਰ ਪੁਲਿਸ, ਪੰਜਾਬ।
2: ਸਮੂਹ ਸੀਨੀਅਰ ਕਪਤਾਨ ਪੁਲਿਸ,ਪੰਜਾਬ।

ਨੰ: /ਟਰੈਫਿਕ-2, ਮਿਤੀ

ਵਿਸ਼ਾ ਨਾ-ਬਾਲਗ (ਬੱਚਿਆ) 18 ਸਾਲ ਦੀ ਉਮਰ ਤੋ ਘੱਟ ਬੱਚਿਆ ਵੱਲੋ 2 ਪਹੀਆਂ ਅਤੇ 4 ਪਹੀਆਂ ਵਹੀਕਲ ਚਲਾਉਣ ਤੇ ਰੋਕ ਲਗਾਉਣ ਸਬੰਧੀ ਜਾਗਰੂਕਤਾ ਕੈਂਪ ਲਗਾਉਣ ਬਾਰੇ।

ਯਾਦ ਪੱਤਰ

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪ ਦੇ ਅਧੀਨ ਤਾਇਨਾਤ ਟਰੈਫਿਕ ਐਜੂਕੇਸ਼ਨ ਸੈਲ/ਟਰੈਫਿਕ ਸਟਾਫ ਰਾਹੀ ਆਮ ਪਬਲਿਕ ਨੂੰ ਜਿਲ੍ਹਾ ਪੱਧਰ ਤੇ ਪਬਲਿਕ ਰਿਲੇਸ਼ਨ ਅਫਸਰ ਰਾਹੀ, ਸਕੂਲਾਂ ਵਿੱਚ ਜਾ ਕੇ ਬੱਚਿਆ ਨੂੰ ਇੱਕ ਮਹੀਨੇ ਲਈ ਬਾਦ 01.07.2024 ਤੋ 31.07.2024 ਤੱਕ ਮੋਟਰ ਵਹੀਕਲ ਐਕਟ (ਸੋਧ 2019) ਦੀ ਧਾਰਾ 199-ਏ ਅਤੇ 199-ਬੀ ਬਾਰੇ ਜਾਗਰੂਕ ਕੀਤਾ ਜਾਵੇ ਕਿ ਕੋਈ ਨਾ-ਬਾਲਗ ਬੱਚਾ 31.07.2024 ਤੋਂ ਬਾਅਦ 2 ਪਹੀਆਂ ਅਤੇ 4 ਪਹੀਆਂ ਵਹੀਕਲ ਚਲਾਉਂਦਾ ਦੌਰਾਨੇ ਚੈਕਿੰਗ ਮੋਟਰ ਵਹੀਕਲ ਐਕਟ ਦੀ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਸ ਦੇ ਮਾਤਾ ਪਿਤਾ ਦੇ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਜਿਸ ਵਿੱਚ ਉਨ੍ਹਾਂ ਨੂੰ 3 ਸਾਲ ਦੀ ਕੈਦ ਅਤੇ 25,000/- ਜੁਰਮਾਨਾ ਵੀ ਹੋ ਸਕਦਾ ਹੈ। ਇਸੇ ਤਰ੍ਹਾਂ ਜੇਕਰ ਕੋਈ ਨਾ-ਬਾਲਗ ਬੱਚਾ ਕਿਸੇ ਪਾਸੋ 2 ਪਹੀਆਂ ਵਾਹਨ ਜਾਂ 4 ਪਹੀਆਂ ਵਾਹਨ ਮੰਗ ਕੇ ਚਲਾਉਂਦਾ ਹੈ ਤਾਂ ਉਸ ਵਹੀਕਲ ਮਾਲਕ ਦੇ ਖਿਲਾਫ ਵੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਸਬੰਧੀ ਵੱਧ ਤੋ ਵੱਧ ਜਾਗਰੂਕਤਾ ਕੈਂਪ ਲਗਾਏ ਜਾਣ। ਇਸ ਸਬੰਧੀ ਕੀਤੀ ਗਈ ਕਾਰਵਾਈ ਤੇ ਮਿਤੀ 01.08.2024 ਨੂੰ ਦਿਨ ਪ੍ਰਤੀ ਦਿਨ ਲਗਾਏ ਗਏ ਕੈਂਪਾਂ ਦੀਆਂ ਫੋਟੋਆਂ, ਲੋਕੇਸ਼ਨਾਂ, ਅਖਬਾਰਾਂ ਦੀਆਂ ਕਟਿੰਗਾਂ ਇਸ ਦਫਤਰ ਨੂੰ ਭੇਜੀਆਂ ਜਾਣ। ਮੋਟਰ ਵਹੀਕਲ (ਸੋਧ) ਐਕਟ 2019 ਦੀ ਕਾਪੀ ਨਾਲ ਨੱਥੀ ਕਰਕੇ ਆਪ ਨੂੰ ਭੇਜੀ ਜਾਂਦੀ ਹੈ।

ਇਸ ਨੂੰ ਪਰਮ ਅਗੇਤ ਦਿੱਤੀ ਜਾਵੇ।

ਵਧੀਕ ਡਾਇਰੈਕਟਰ ਜਨਰਲ ਪੁਲਿਸ,
ਟਰੈਫਿਕ ਅਤੇ ਸੜਕ ਸੁਰੱਖਿਆ,
ਪੰਜਾਬ, ਚੰਡੀਗੜ੍ਹ।

ਨੰ: 6607-11/ਟਰੈਫਿਕ-2, ਮਿਤੀ 02-07-2024

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ:-

1. ਸਿਕਟਰੀ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
2. ਡਾਇਰੈਕਟਰ ਜਨਰਲ ਪੁਲਿਸ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ, ਲੀਡ ਏਜੰਸੀ ਆਨ ਰੋਡ ਸੇਫਟੀ, ਪੰਜਾਬ, ਚੰਡੀਗੜ੍ਹ।
4. ਸਮੂਹ ਏ.ਡੀ.ਜੀ.ਪੀ./ਆਈ.ਜੀ.ਪੀ./ਡੀ.ਆਈ.ਜੀ. ਰੇਜ਼, ਪੰਜਾਬ।

ਵਧੀਕ ਡਾਇਰੈਕਟਰ ਜਨਰਲ ਪੁਲਿਸ,
ਟਰੈਫਿਕ ਅਤੇ ਸੜਕ ਸੁਰੱਖਿਆ,
ਪੰਜਾਬ, ਚੰਡੀਗੜ੍ਹ।

ਡਾਇਰੀ ਨੰ. 12118
ਮਿਤੀ 04.7.24

91c SSF/AC-3
For N/G
04.7.24